ਸਾਰਗ ਮਹਲਾ ੫ ॥ਜੀਵਨੁ ਤਉ ਗਨੀਐ ਹਰਿ ਪੇਖਾ ॥ ਕਰਹੁ ਕ੍ਰਿਪਾ ਪ੍ਰੀਤਮ ਮਨਮੋਹਨ ਫੋਰਿ ਭਰਮ ਕੀ ਰੇਖਾ ॥੧॥ ਰਹਾਉ ॥ ਕਹਤ ਸੁਨਤ ਕਿਛੁ ਸਾਂਤਿ ਨ ਉਪਜਤ ਬਿਨੁ ਬਿਸਾਸ ਕਿਆ ਸੇਖਾਂ ॥ ਪ੍ਰਭੂ ਤਿਆਗਿ ਆਨ ਜੋ ਚਾਹਤ ਤਾ ਕੈ ਮੁਖਿ ਲਾਗੈ ਕਾਲੇਖਾ ॥ ੧॥ ਜਾ ਕੈ ਰਾਸਿ ਸਰਬ ਸੁਖ ਸੁਆਮੀ ਆਨ ਨ ਮਾਨਤ ਭੇਖਾ ॥ ਨਾਨਕ ਦਰਸ ਮਗਨ ਮਨੁ ਮੋਹਿਓ ਪੂਰਨ ਅਰਥ ਬਿਸੇਖਾ ॥੨॥੬੫॥੮੮॥ {ਪੰਨਾ 1221}

ਪਦਅਰਥ:- ਜੀਵਨੁ—(ਅਸਲ) ਜ਼ਿੰਦਗੀ। ਤਉ—ਤਦੋਂ (ਹੀ)। ਗਨੀਐ—ਸਮਝੀ ਜਾਣੀ ਚਾਹੀਦੀ ਹੈ। ਪੇਖਾ—ਪੇਖਾਂ, (ਜੇ) ਮੈਂ ਵੇਖ ਲਵਾਂ। ਪ੍ਰੀਤਮ—ਹੇ ਪ੍ਰੀਤਮ! ਫੋਰਿ—ਤੋੜ। ਭਰਮ—ਭਟਕਣਾ। ਰੇਖਾ—(ਮਨ ਉਤੇ) ਲਕੀਰ, ਪਿਛਲੇ ਸੰਸਕਾਰ।1। ਰਹਾਉ।

ਕਹਤ ਸੁਨਤ—ਕਹਿੰਦਿਆਂ ਸੁਣਦਿਆਂ। ਬਿਸਾਸ—ਸਰਧਾ। ਸੇਖਾਂ—ਵਿਸ਼ੇਸ਼ਤਾ, ਲਾਭ, ਗੁਣ। ਤਿਆਗਿ—ਛੱਡ ਕੇ। ਆਨ—ਹੋਰ ਹੋਰ (ਪਦਾਰਥ)। ਤਾ ਕੈ ਮੁਖਿ—ਉਸ ਦੇ ਮੂੰਹ ਉਤੇ। ਕਾਲੇਖਾ—ਕਾਲਖ।1।

ਜਾ ਕੈ—ਜਿਸ ਦੇ ਪੱਲੇ, ਜਿਸ ਦੇ ਹਿਰਦੇ ਵਿਚ। ਰਾਸਿ—ਪੂੰਜੀ, ਸਰਮਾਇਆ। ਸਰਬ ਸੁਖ—ਸਾਰੇ ਸੁਖ ਦੇਣ ਵਾਲਾ। ਆਨ ਭੇਖਾ—ਹੋਰ ਹੋਰ ਭੇਖ, ਹੋਰ (ਵਿਖਾਵੇ ਦੇ) ਧਾਰਮਿਕ ਪਹਿਰਾਵੇ। ਨ ਮਾਨਤ—ਨਹੀਂ ਮੰਨਦਾ। ਮਗਨ—ਮਸਤ। ਅਰਥ—ਲੋੜਾਂ। ਬਿਸੇਖਾ—ਉਚੇਚੀਆਂ।2।

ਅਰਥ:- ਹੇ ਭਾਈ! ਜੇ ਮੈਂ (ਇਸੇ ਮਨੁੱਖਾ ਜਨਮ ਵਿਚ) ਪਰਮਾਤਮਾ ਦਾ ਦਰਸ਼ਨ ਕਰ ਸਕਾਂ, ਤਦੋਂ ਹੀ (ਮੇਰਾ ਇਹ ਅਸਲ ਮਨੁੱਖਾ) ਜੀਵਨ ਸਮਝਿਆ ਜਾ ਸਕਦਾ ਹੈ। ਹੇ ਪ੍ਰੀਤਮ ਪ੍ਰਭੂ! ਹੇ ਮਨ ਨੂੰ ਮੋਹ ਲੈਣ ਵਾਲੇ ਪ੍ਰਭੂ! (ਮੇਰੇ ਮਨ ਵਿਚੋਂ ਪਿਛਲੇ ਜਨਮਾਂ ਦੇ) ਭਟਕਣਾ ਦੇ ਸੰਸਕਾਰ ਦੂਰ ਕਰ।1। ਰਹਾਉ।

ਹੇ ਭਾਈ! ਨਿਰੇ ਆਖਣ ਸੁਣਨ ਨਾਲ (ਮਨੁੱਖ ਦੇ ਮਨ ਵਿਚ) ਕੋਈ ਸ਼ਾਂਤੀ ਪੈਦਾ ਨਹੀਂ ਹੁੰਦੀ। ਸਰਧਾ ਤੋਂ ਬਿਨਾ (ਜ਼ਬਾਨੀ ਆਖਣ ਸੁਣਨ ਦਾ) ਕੋਈ ਲਾਭ ਨਹੀਂ ਹੁੰਦਾ। ਜਿਹੜਾ ਮਨੁੱਖ (ਜ਼ਬਾਨੀ ਤਾਂ ਗਿਆਨ ਦੀਆਂ ਬਥੇਰੀਆਂ ਗੱਲਾਂ ਕਰਦਾ ਹੈ, ਪਰ) ਪ੍ਰਭੂ ਨੂੰ ਭੁਲਾ ਕੇ ਹੋਰ ਹੋਰ (ਪਦਾਰਥ) ਲੋੜਦਾ ਰਹਿੰਦਾ ਹੈ, ਉਸ ਦੇ ਮੱਥੇ ਉਤੇ (ਮਾਇਆ ਦੇ ਮੋਹ ਦੀ) ਕਾਲਖ ਲੱਗੀ ਰਹਿੰਦੀ ਹੈ।1।

ਹੇ ਨਾਨਕ! (ਆਖ—ਹੇ ਭਾਈ!) ਜਿਸ ਮਨੁੱਖ ਦੇ ਹਿਰਦੇ ਵਿਚ ਸਾਰੇ ਸੁਖ ਦੇਣ ਵਾਲੇ ਪ੍ਰਭੂ ਦੇ ਨਾਮ ਦਾ ਸਰਮਾਇਆ ਹੈ, ਉਹ ਹੋਰ (ਵਿਖਾਵੇ ਦੇ) ਧਾਰਮਿਕ ਭੇਖਾਂ ਨੂੰ ਨਹੀਂ ਮੰਨਦਾ ਫਿਰਦਾ। ਉਹ ਤਾਂ (ਪ੍ਰਭੂ ਦੇ) ਦਰਸਨ ਵਿਚ ਮਸਤ ਰਹਿੰਦਾ ਹੈ, ਉਸ ਦਾ ਮਨ (ਪ੍ਰਭੂ ਦੇ ਦਰਸਨ ਨਾਲ) ਮੋਹਿਆ ਜਾਂਦਾ ਹੈ। (ਪ੍ਰਭੂ ਦੀ ਕਿਰਪਾ ਨਾਲ) ਉਸ ਦੀਆਂ ਸਾਰੀਆਂ ਲੋੜਾਂ ਉਚੇਚੀਆਂ ਹੁੰਦੀਆਂ ਰਹਿੰਦੀਆਂ ਹਨ।2। 65। 88।